ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਇਸੇ ਮਹੀਨੇ ਤੋਂ ਸਮਾਜਿਕ ਸੁਰੱਖਿਆ ਪੈਨਸ਼ਨਾਂ/ਮਾਲੀ ਸਹਾਇਤਾ ਲਾਭ ਦੀ ਰਾਸ਼ੀ ਹੋਵੇਗੀ ਦੁੱਗਣੀ-ਗਿੱਲ

- **ਪੈਨਸ਼ਨ ਧਾਰਕਾਂ ਨੂੰ ਮਿਲੇਗੀ 500 ਰੁਪਏ ਪ੍ਰਤੀ ਮਹੀਨਾ ਪੈਨਸ਼ਨ**
- **ਕੋਈ ਵੀ ਪੈਨਸ਼ਨ ਧਾਰਕ ਪੈਨਸ਼ਨ ਪ੍ਰਾਪਤ ਕਰਨ ਤੋਂ ਨਾ ਰਹੇ ਵਾਂਝਾ**

ਮੋਗਾ 22 ਜਨਵਰੀ:

ਪੰਜਾਬ ਸਰਕਾਰ ਰਾਜ ਦੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸੇ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਸਕੀਮ ਤਹਿਤ ਸੂਬੇ ਦੇ ਬਜ਼ੁਰਗਾਂ, ਵਿਧਵਾਵਾਂ, ਆਸ਼ਰਿਤ ਬੱਚਿਆਂ ਅਤੇ ਅਪੰਗ ਵਿਅਕਤੀਆਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਤਾਂ ਜੋ ਇਹ ਲੋਕ ਸਮਾਜ ਵਿੱਚ ਮਾਣ ਨਾਲ ਆਪਣੀ ਜਿੰਦਗੀ ਗੁਜ਼ਾਰ ਸਕਣ।

ਜ਼ਿਲ੍ਹੇ ਦੇ ਸਮਾਜਿਕ ਸੁਰੱਖਿਆ ਵਿਭਾਗ ਨਾਲ ਜੁੜੇ ਲਗਭੱਗ 76 ਹਜ਼ਾਰ ਤੋਂ ਵਧੇਰੇ ਲਾਭਪਾਤਰੀਆਂ ਨੂੰ ਇਸ ਜਨਵਰੀ ਮਹੀਨੇ ਤੋਂ ਪੈਨਸ਼ਨ/ਮਾਲੀ ਸਹਾਇਤਾ ਲਾਭ ਦੀ ਰਾਸ਼ੀ ਦੁੱਗਣੀ ਮਿਲੇਗੀ। ਲਾਭਪਾਤਰੀਆਂ ਨੂੰ ਇਹ ਰਾਸ਼ੀ 250 ਰੁਪਏ ਪ੍ਰਤੀ ਮਹੀਨਾ ਦਿੱਤੀ ਜਾਂਦੀ ਸੀ, ਜਦਕਿ ਹੁਣ ਪੰਜਾਬ ਸਰਕਾਰ ਵੱਲੋਂ ਇਹ ਰਾਸ਼ੀ ਵਧਾ ਕੇ 500 ਰੁਪਏ ਪ੍ਰਤੀ ਮਹੀਨਾ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਇਹ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਸ਼. ਪਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਦੇ ਦੁੱਗਣਾ ਹੋਣ ਨਾਲ ਲਾਭਪਾਤਰੀਆਂ ਨੂੰ ਆਪਣੀਆਂ ਥੋੜ੍ਹੀਆਂ-ਬਹੁਤ ਲੋੜਾਂ ਦੀ ਪੂਰਤੀ ਲਈ ਵਿੱਤੀ ਤੌਰ ਤੇ ਸਵੈ-ਨਿਰਭਰ ਹੋਣ 'ਚ ਮੱਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਵਿਭਾਗ ਰਾਹੀਂ ਬਜ਼ੁਰਗਾਂ, ਵਿਧਵਾਵਾਂ, ਆਸ਼ਰਿਤ ਬੱਚਿਆਂ ਅਤੇ ਅਪੰਗ ਵਿਅਕਤੀਆਂ ਨੂੰ ਪੈਨਸ਼ਨ/ਮਾਲੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਮਹੀਨਾ ਨਵੰਬਰ, 2015 ਤੱਕ ਦੀ ਪੈਨਸ਼ਨ ਲਾਭਪਾਤਰੀਆਂ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਸ੍ਰੀਮਤੀ ਉੱਤਮ ਕੌਰ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਪੈਨਸ਼ਨ ਧਾਰਕਾਂ ਨੂੰ ਪੈਨਸ਼ਨ ਮੁਹੱਈਆ ਕਰਵਾਉਣ ਲਈ ਯੋਗ ਕਾਰਵਾਈ ਕੀਤੀ ਜਾਵੇ, ਤਾਂ ਜੋ ਕੋਈ ਵੀ ਪੈਨਸ਼ਨ ਧਾਰਕ ਪੈਨਸ਼ਨ ਪ੍ਰਾਪਤ ਕਰਨ ਤੋਂ ਵਾਂਝਾ ਨਾ ਰਹੇ।

----------------

ਨੰ: ਪੀ.ਆਰ(ਪ੍ਰੈ ਰੀ)2015/36